**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ**
**(ਕੋਆਰਡੀਨੇਸ਼ਨ ਸ਼ਾਖਾ)**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਪੰਜਾਬ

ਮੀਮੋ ਨੰ: 15/23-2015 ਕੋ ਸ਼ਾਖਾ (1)/209566
ਮਿਤੀ: 23 .07.2019

ਵਿਸ਼ਾ: **ਨੇਤਰਹੀਣ ਅਤੇ ਦਿਵਿਆਂਗਜਨ ਸਰਕਾਰੀ ਕਰਮਚਾਰੀ/ਅਧਿਕਾਰੀਆਂ ਦੀਆਂ ਸ਼ਿਕਾਇਤਾਂ ਸਬੰਧੀ।**

ਹਵਾਲਾ: ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ (ਅਪੰਗ ਵਿਅਕਤੀਆਂ ਦੀ ਭਲਾਈ ਸ਼ਾਖਾ) ਦਾ ਪੱਤਰ ਨੰ: 2/40/19 -2ਡਸ/1485433/1 ਮਿਤੀ 17.05.2019.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਇੰਨ ਬਿੰਨ ਪਾਲਣਾ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

23.7.19
ਸਹਾਇਕ ਡਾਇਰੈਕਟਰ (ਕੋ.ਸ਼ਾਖਾ)

ਪਿੱਠ.ਅੰ.ਨੰ: ਉਕਤ ਮਿਤੀ 23.07.2019

1. ਉਤਾਰਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ ਵਿਖੇ ਸਮੂਹ ਅਧਿਕਾਰੀ/ਸ਼ਾਖਾ ਮੁੱਖੀਆਂ ਨੂੰ ਇੰਨ ਬਿੰਲ ਪਾਲਣਾ ਹਿੱਤ ਭੇਜਿਆ ਜਾਂਦਾ ਹੈ।
2. ਇਹ ਹਦਾਇਤਾ ਵਿਭਾਗ ਦੀ ਵੈਬਸਾਈਟ www.ssapunjab.org ਤੇ ਵੀ ਉਪਲਬੱਧ ਹਨ

23.7.19
ਸਹਾਇਕ ਡਾਇਰੈਕਟਰ (ਕੋ.ਸ਼ਾਖਾ)

2753
3/5/19

ਪੰਜਾਬ ਸਰਕਾਰ
ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ
(ਅਪੰਗ ਵਿਅਕਤੀਆਂ ਦੀ ਭਲਾਈ ਸ਼ਾਖਾ)

Have we appointed any Grievance Redressal officer?

ਸੇਵਾ ਵਿਖੇ

1. ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
2. ਰਾਜ ਦੇ ਸਮੂਹ ਮੰਡਲਾਂ ਦੇ ਕਮਿਸ਼ਨਰ।
3. ਰਾਜ ਦੇ ਸਮੂਹ ਡਿਪਟੀ ਕਮਿਸ਼ਨਰ।
4. ਰਜਿਸ਼ਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,ਚੰਡੀਗੜ੍ਹ।
5. ਜਿਲ੍ਹਾ ਅਤੇ ਸੈਸ਼ਨ ਜੱਜ ਪੰਜਾਬ ਰਾਜ ਵਿੱਚ।
6. ਚੈਅਰਮੈਨ ਲੋਕ ਸੇਵਾ ਕਮਿਸ਼ਨ ਪੰਜਾਬ,ਪਟਿਆਲਾ।
7. ਬੋਰਡ/ ਕਾਰਪੋਰੇਸ਼ਨਾਂ ਦੇ ਮੁੱਖੀ।
8. ਰਜਿਸ਼ਟਰਾਰ ਸਾਰੀਆਂ ਯੂਨੀਵਰਸਿਟੀਆਂ ਪੰਜਾਬ ਰਾਜ।

ਮੀਮੋ ਨੰ:2/40/19-2ਡਸ/ 1485433/1
ਮਿਤੀ ਚੰਡੀਗੜ੍ਹ 17/5/19

27-5-19

ਵਿਸ਼ਾ:- ਨੇਤਰਹੀਣ ਅਤੇ ਦਿਵਿਆਂਗਜਨ ਸਰਕਾਰੀ ਕਰਮਚਾਰੀ / ਅਧਿਕਾਰੀਆਂ ਦੀਆਂ ਸ਼ਿਕਾਇਤਾਂ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਆਮ ਤੌਰ ਤੇ ਇਹ ਵੇਖਣ ਵਿੱਚ ਆਇਆ ਹੈ ਕਿ ਨੇਤਰਹੀਣ ਅਤੇ ਦਿਵਿਆਂਗਜਨ ਸਰਕਾਰੀ ਕਰਮਚਾਰੀਆਂ/ ਅਧਿਕਾਰੀਆਂ ਵਲੋਂ ਉਨ੍ਹਾਂ ਦੇ ਅਪਣੇ ਵਿਭਾਗਾਂ ਨਾਲ ਸਬੰਧਤ ਮਸਲੇ ਸਿੱਧੇ ਤੌਰ ਤੇ ਸਮਾਜਿਕ ਸੁਰੱਖਿਆ ਵਿਭਾਗ ਕੋਲ ਉਠਾਏ ਜਾਂਦੇ ਹਨ, ਜਾਂ ਫਿਰ ਨੇਤਰਹੀਣਾਂ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰ ਰਹੀਆਂ ਜਥੇਬੰਦੀਆਂ ਦੇ ਕੋਲ ਪਹੁੰਚ ਕੀਤੀ ਜਾਂਦੀ ਹੈ ਅਤੇ ਇਹ ਜਥੇਬੰਦੀਆਂ ਸਰਕਾਰੀ ਕਰਮਚਾਰੀਆਂ / ਅਧਿਕਾਰੀਆਂ ਦੇ ਨਿਜ਼ੀ ਮਾਮਲੇ ਸਰਕਾਰ ਪੱਧਰ ਤੇ ਉਠਾਉਂਦੀਆਂ ਹਨ।

2. ਉਪਰੋਕਤ ਮਾਮਲੇ ਨੂੰ ਮੁੱਖ ਰੱਖਦੇ ਹੋਏ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਨੇਤਰਹੀਣ / ਦਿਵਿਆਂਗਜਨ ਸਰਕਾਰੀ ਕਰਮਚਾਰੀਆਂ / ਅਧਿਕਾਰੀਆਂ ਦੇ ਨਿਜੀ ਵਿਭਾਗੀ ਮਸਲੇ ਸਬੰਧਤ ਵਿਭਾਗਾਂ ਵਲੋਂ ਆਰ. ਪੀ. ਡਬਲਿਊ. ਡੀ. ਐਕਟ-2016 ਦੀ ਧਾਰਾ-23 ਜਿਸ ਅਧੀਨ ਸਮੂਹ ਵਿਭਾਗਾਂ ਵਲੋਂ ਸ਼ਿਕਾਇਤ ਨਿਵਾਰਣ ਅਫਸਰਾਂ ਦੀਆਂ ਨਿਯੁਕਤੀਆਂ ਕੀਤੀਆਂ ਹੋਈਆਂ ਹਨ, ਵਲੋਂ ਵਿਭਾਗੀ ਪੱਧਰ ਤੇ ਨਿਪਟਾਏ ਜਾਣ। ਭਵਿੱਖ ਦੇ ਵਿੱਚ ਕਿਸੇ ਵੀ ਵਿਭਾਗ ਦਾ ਕੋਈ ਨੇਤਰਹੀਣ / ਦਿਵਿਆਂਗਜਨ ਸਰਕਾਰੀ ਕਰਮਚਾਰੀ ਜਾਂ ਅਧਿਕਾਰੀ ਇਸ ਵਿਭਾਗ ਦੇ ਕੋਲ ਕਿਸੇ ਸਮੱਸਿਆ ਸਬੰਧੀ ਸਿੱਧੇ ਤੌਰ ਤੇ ਜਾਂ ਫਿਰ ਕਿਸੇ ਸੰਸਥਾ /ਜਥੇਬੰਦੀ ਰਾਂਹੀ ਕੇਵਲ ਉਦੋਂ ਹੀ ਪਹੁੰਚ ਕਰੇ ਜਦੋਂ ਸਬੰਧਤ ਵਿਭਾਗ ਦੇ ਸ਼ਕਾਇਤ ਨਿਵਾਰਣ ਅਫਸਰ ਵਲੋਂ ਉਸ ਦੀ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਉਹ ਸੰਤੁਸ਼ਟ ਨਾ ਹੋਵੇ।

3. ਇਸ ਬਾਰੇ ਸਮੂਹ ਨੇਤਰਹੀਣ / ਦਿਵਿਆਂਗਜਨ ਕਰਮਚਾਰੀਆਂ ਨੂੰ ਕਿਰਪਾ ਕਰਕੇ ਸੂਚਿਤ ਕਰ ਦਿੱਤਾ ਜਾਵੇ।

ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ
ਸਮਾਜਿਕ ਸੁਰੱਖਿਆ ਅਤੇ ਇਸਤਰੀ
ਤੇ ਬਾਲ ਵਿਕਾਸ ਵਿਭਾਗ,ਪੰਜਾਬ

ਇਸ ਉਤਾਰਾ ਸਮੂਹ ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਵਿਭਾਗਾਂ/ ਬੋਰਡਾਂ/ ਕਾਰਪੋਰੇਸ਼ਨਾਂ ਨੂੰ ਤੁਰੰਤ ਲੋੜੀਦੀਆਂ ਹਦਾਇਤਾਂ ਜਾਰੀ ਕਰਨ ਦੀ ਖੇਚਲ ਕੀਤੀ ਜਾਵੇ।

—ਸ਼ੀ—
ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ

ਸੇਵਾ ਵਿਖੇ,

ਸਮੂਹ ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਅਫਸਰ,ਪੰਜਾਬ ਸਰਕਾਰ।

ਅ.ਵਿ.ਪੱ.ਨੰ:2/40/19-2ਡਸ/

ਮਿਤੀ ਚੰਡੀਗੜ੍ਹ